੦੭੨

ਸਾਕਤ

(ਲੇਖਕ: ਮਾ: ਜੁਗਿੰਦਰ ਸਿੰਘ)

ਤਤਕਰਾ/ ਪਰਕਰਣ

੧. ਸਾਕਤ ਕੌਣ ਹਨ

੨. ਸਾਕਤ ਦੇ ਕਰਮਾਂ ਦੀ ਨੀਂਹ ਜਾਂ ਟੇਕ ਹਉਮੈ, ਅਹੰਕਾਰ, ਕੂੜ ਕਪਟ ਤੇ ਹੈ

੩. ਸਾਕਤਾਂ ਦੀ ਜਮੁਪੁਰੀ ਵਿਖੇ ਖੁਆਰੀ ਅਤੇ ਆਵਾਗਵਣ ਦੇ ਚੱਕਰ

੪. ਸਾਕਤਾਂ ਦੀ ਆਵਰਦਾ ਅਤੇ ਸਮੂਹ ਕਰਮ ਬਿਰਥਾ

੫. ਸਾਕਤਾਂ ਦਾ ਨਰਕਾਂ ਵਿਖੇ ਵਾਸਾ

੬. ਸਾਕਤ ਦਾ ਸੁਭਾਉ

੭. ਸਾਕਤਾਂ ਦੀ ਕੁਸੰਗਤਿ ਤੋਂ ਬਚੋ

੮. ਸਾਕਤਪਣਾ ਦੂਰ ਕਰਨ ਦਾ ਦਾਰੂ

(੧) ਸਾਕਤ ਕੌਣ ਹਨ

- ਜਿਨ ਕਉ ਗੁਰੁ ਸਤਿਗੁਰੁ ਨਹੀ ਭੇਟਿਆ ਤੇ ਸਾਕਤ ਮੂੜ ਦਿਵਾਨੇ॥
  ਤਿਨ ਕੇ ਕਰਮਹੀਨ ਧੁਰਿ ਪਾਏ ਦੇਖਿ ਦੀਪਕੁ ਮੋਹਿ ਪਚਾਨੇ॥ (੧੭੦)

- ਜਿਨ ਕਉ ਪ੍ਰੀਤਿ ਨਾਹੀ ਹਰਿ ਸੇਤੀ ਤੇ ਸਾਕਤ ਮੂੜ ਨਰ ਕਾਚੇ॥ (੧੬੯)

- ਮੇਰੇ ਮਨ ਨਾਮ ਬਿਨਾ ਜੋ ਦੂਜੈ ਲਾਗੇ ਤੇ ਸਾਕਤ ਨਰ ਜਮਿ ਘੁਟੀਐ॥
  ਤੇ ਸਾਕਤ ਚੋਰ ਜਿਨਾ ਨਾਮੁ ਵਿਸਾਰਿਆ ਮਨ ਤਿਨ ਕੈ ਨਿਕਟਿ ਨ ਭਿਟੀਐ॥ (੧੭੦)

- ਜਿਨੀ ਦਰਸਨੁ ਜਿਨੀ ਦਰਸਨੁ ਸਤਿਗੁਰ ਪੁਰਖ ਨ ਪਾਇਆ ਰਾਮ॥
  ਤਿਨ ਨਿਹਫਲੁ ਤਿਨ ਨਿਹਫਲੁ ਜਨਮੁ ਸਭੁ ਬ੍ਰਿਥਾ ਗਵਾਇਆ ਰਾਮ॥
  ਨਿਹਫਲੁ ਜਨਮੁ ਤਿਨ ਬ੍ਰਿਥਾ ਗਵਾਇਆ ਤੇ ਸਾਕਤ ਮੁਏ ਮਰਿ ਝੂਰੇ॥
  ਘਰਿ ਹੋਦੈ ਰਤਨਿ ਪਦਾਰਥਿ ਭੂਖੇ ਭਾਗਹੀਣ ਹਰਿ ਦੂਰੇ॥ (੫੭੪)

- ਸਾਕਤ ਨਰ ਸਤਿਗੁਰੁ ਨਹੀ ਕੀਆ ਤੇ ਬੇਮੁਖ ਹਰਿ ਭਰਮਾਵੈਗੋ॥
  ਲੋਭ ਲਹਰਿ ਸੁਆਨ ਕੀ ਸੰਗਤਿ ਬਿਖੁ ਮਾਇਆ ਕਰੰਗਿ ਲਗਾਵੈਗੋ॥ (੧੩੧੧)

(੨) ਸਾਕਤ ਦੇ ਕਰਮਾਂ ਦੀ ਨੀਂਹ ਜਾਂ ਟੇਕ ਹਉਮੈ, ਅਹੰਕਾਰ, ਕੂੜ ਕਪਟ ਤੇ ਹੈ

- ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ॥ (੧੩)

- ਸਾਕਤ ਕੂੜਿ ਪਚਹਿ ਮਨਿ ਹਉਮੈ ਦੁਹੁ ਮਾਰਗਿ ਪਚੈ ਪਚਾਈ ਹੇ॥ (੧੦੨੫)

- ਸਾਕਤ ਕੂੜ ਕਪਟ ਮਹਿ ਟੇਕਾ॥ ਅਹਿਨਿਸਿ ਨਿੰਦਾ ਕਰਹਿ ਅਨੇਕਾ॥ (੧੦੩੦)

- ਸਾਕਤ ਨਰ ਅਹੰਕਾਰੀ ਕਹੀਅਹਿ ਬਿਨੁ ਨਾਵੈ ਧ੍ਰਿਗੁ ਜੀਵੀਜੈ॥ (੧੩੨੫)

- ਸਾਕਤ ਜਾਇ ਨਿਵਹਿ ਗੁਰ ਆਗੈ ਮਨਿ ਖੋਟੇ ਕੂੜਿ ਕੂੜਿਆਰੇ॥ (੩੧੨)

- ਸਾਕਤ ਕੂੜੇ ਊਭ ਸੁਕ ਹੂਏ ਮਨਿ ਅਭਿਮਾਨੁ ਵਿਛੁੜਿ ਦੂਰਿ ਗਈਆ॥ (੮੩੪)

(੩) ਸਾਕਤਾਂ ਦੀ ਜਮੁਪੁਰੀ ਵਿਖੇ ਖੁਆਰੀ ਅਤੇ ਆਵਾਗਵਣ ਦੇ ਚੱਕਰ

- ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ॥
  ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ॥ (੧੩)

- ਏਹੁ ਮਨੋ ਮੂਰਖੁ ਲੋਭੀਆ ਲੋਭੇ ਲਗਾ ਲੁੋਭਾਨੁ॥ ਸਬਦਿ ਨ ਭੀਜੈ ਸਾਕਤਾ ਦੁਰਮਤਿ ਆਵਨੁ ਜਾਨੁ॥ (੨੧)

- ਸਾਕਤ ਮਰਹਿ ਸੰਤ ਸਭਿ ਜੀਵਹਿ॥ (੩੨੬)

- ਸਾਕਤ ਬਧਿਕ ਮਾਇਆਧਾਰੀ ਤਿਨ ਜਮ ਜੋਹਨਿ ਲਾਗੇ॥
  ਉਨ ਸਤਿਗੁਰ ਆਗੈ ਸੀਸੁ ਨ ਬੇਚਿਆ ਓਇ ਆਵਹਿ ਜਾਹਿ ਅਭਾਗੇ॥ (੧੭੨)

- ਜਿਉ ਆਰਣਿ ਲੋਹਾ ਪਾਇ ਭੰਨਿ ਘੜਾਈਐ॥ ਤਿਉ ਸਾਕਤੁ ਜੋਨੀ ਪਾਇ ਭਵੈ ਭਵਾਈਐ॥ (੭੫੨)

- ਸਾਕਤ ਨਰ ਹੋਛੀ ਮਤਿ ਮਧਿਮ ਜਿਨ੍ ਹਰਿ ਹਰਿ ਸੇਵ ਨ ਕਰਾ॥
  ਤੇ ਨਰ ਭਾਗਹੀਨ ਦੁਹਚਾਰੀ ਓਇ ਜਨਮਿ ਮੁਏ ਫਿਰਿ ਮਰਾ॥ (੭੯੯)

- ਸਾਕਤ ਜਮ ਕੀ ਕਾਣਿ ਨ ਚੂਕੈ॥ ਜਮ ਕਾ ਡੰਡੁ ਨ ਕਬਹੂ ਮੂਕੈ॥
  ਬਾਕੀ ਧਰਮ ਰਾਇ ਕੀ ਲੀਜੈ ਸਿਰਿ ਅਫਰਿਓ ਭਾਰੁ ਅਫਾਰਾ ਹੇ॥ (੧੦੩੦)

- ਸਾਕਤੁ ਫਾਸੀ ਪੜੈ ਇਕੇਲਾ॥ ਜਮ ਵਸਿ ਕੀਆ ਅੰਧੁ ਦੁਹੇਲਾ॥
ਰਾਮ ਨਾਮ ਬਿਨੁ ਮੁਕਤਿ ਨ ਸੂਝੈ ਆਜੁ ਕਾਲਿ ਪਚਿ ਜਾਤਾ ਹੇ॥ (੧੦੩੧)

- ਸਾਕਤ ਨਰਿ ਸਬਦ ਸੁਰਤਿ ਕਿਉ ਪਾਈਐ॥ ਸਬਦੁ ਸੁਰਤਿ ਬਿਨੁ ਆਈਐ ਜਾਈਐ॥ (੧੦੪੨)

- ਸਤਿਗੁਰੁ ਮਿਲੈ ਤ ਮਹਲਿ ਬੁਲਾਏ॥ ਸਾਚੀ ਦਰਗਹ ਗਤਿ ਪਤਿ ਪਾਏ॥
ਸਾਕਤ ਠਉਰ ਨਾਹੀ ਹਰਿ ਮੰਦਰ ਜਨਮ ਮਰੈ ਦੁਖੁ ਪਾਇਆ॥ (੧੦੪੩)

- ਬਿਨੁ ਸਤਿਗੁਰ ਪਚਿ ਮੂਏ ਸਾਕਤ ਨਿਗੁਰੇ ਗਲਿ ਜਮ ਫਾਸਾ ਹੇ॥ (੧੦੭੩)

- ਬਿਨੁ ਸਤਿਗੁਰ ਦੀਸੈ ਬਿਲਲਾਂਤੀ ਸਾਕਤੁ ਫਿਰਿ ਫਿਰਿ ਆਵੈ ਜਾਵੈ॥ (੧੧੮੩)

- ਕਬੀਰ ਸੰਤ ਮੂਏ ਕਿਆ ਰੋਈਐ ਜੋ ਅਪੁਨੇ ਗ੍ਰਿਹਿ ਜਾਇ॥
ਰੋਵਹੁ ਸਾਕਤ ਬਾਪੁਰੇ ਜੁ ਹਾਟੈ ਹਾਟ ਬਿਕਾਇ॥ (੧੩੬੫)

- ਸਾਕਤੀ ਪਾਪ ਕਰਿ ਕੈ ਬਿਖਿਆ ਧਨੁ ਸੰਚਿਆ ਤਿਨਾ ਇਕ ਵਿਖ ਨਾਲਿ ਨ ਜਾਈ॥
ਹਲਤੈ ਵਿਚਿ ਸਾਕਤ ਦੁਹੇਲੇ ਭਏ ਹਥਹੁ ਛੁੜਕਿ ਗਇਆ ਅਗੈ ਪਲਤਿ ਸਾਕਤੁ ਹਰਿ ਦਰਗਹ ਢੋਈ ਨ ਪਾਈ॥ (੭੩੪)

- ਭਰਮੇ ਭੂਲਾ ਸਾਕਤੁ ਫਿਰਤਾ॥ ਨੀਰੁ ਬਿਰੋਲੈ ਖਪਿ ਖਪਿ ਮਰਤਾ॥ (੭੩੯)

(੪) ਸਾਕਤਾਂ ਦੀ ਆਵਰਦਾ ਅਤੇ ਸਮੂਹ ਕਰਮ ਬਿਰਥਾ

- ਸਤਿਗੁਰੁ ਮਿਲੈ ਤ ਗੁਰਮਤਿ ਪਾਈਐ ਸਾਕਤ ਬਾਜੀ ਹਾਰੀ ਜੀਉ॥ (੫੯੮)

- ਸਾਕਤ ਕਾ ਬਕਨਾ ਇਉ ਜਾਨਉ ਜੈਸੇ ਪਵਨੁ ਝੁਲਾਈ॥ (੬੦੯)

- ਸਾਕਤ ਕੀ ਆਵਰਦਾ ਜਾਇ ਬ੍ਰਿਥਾਰੀ॥ ਜੈਸੇ ਕਾਗਦ ਕੇ ਭਾਰ ਮੂਸਾ ਟੂਕਿ ਗਵਾਵਤ ਕਾਮਿ ਨਹੀ ਗਾਵਾਰੀ॥ (੬੯੧)

- ਸਾਕਤ ਕਰਮ ਪਾਣੀ ਜਿਉ ਮਥੀਐ ਨਿਤ ਪਾਣੀ ਝੋਲ ਝੁਲਾਰੇ॥ (੯੮੨)

(੫) ਸਾਕਤਾਂ ਦਾ ਨਰਕਾਂ ਵਿਖੇ ਵਾਸਾ

- ਦੁਸਟਾ ਸੇਤੀ ਪਿਰਹੜੀ ਜਨ ਸਿਉ ਵਾਦੁ ਕਰੰਨ੍ਹਿ॥ ਨਾਨਕ ਸਾਕਤ ਨਰਕ ਮਹਿ ਜਮਿ ਬਧੇ ਦੁਖ ਸਹੰਨ੍ਹਿ॥ (੮੫੪)

- ਸਾਕਤ ਕੂੜ ਕਪਟ ਮਹਿ ਟੇਕਾ॥ ਅਹਿਨਿਸਿ ਨਿੰਦਾ ਕਰਹਿ ਅਨੇਕਾ॥

ਬਿਨੁ ਸਿਮਰਨ ਆਵਹਿ ਫੁਨਿ ਜਾਵਹਿ ਗ੍ਰਭ ਜੋਨੀ ਨਰਕ ਮਝਾਰਾ ਹੇ॥ (੧੦੩੦)

- ਬਿਨੁ ਗੁਰ ਸਾਕਤੁ ਕਹਹੁ ਕੋ ਤਰਿਆ॥ ਹਉਮੈ ਕਰਤਾ ਭਵਜਲਿ ਪਰਿਆ॥ (੧੦੩੦)

- ਚਉਰਾਸੀਹ ਨਰਕ ਸਾਕਤੁ ਭੋਗਾਈਐ॥ ਜੈਸਾ ਕੀਚੈ ਤੈਸੋ ਪਾਈਐ॥ (੧੦੨੮)

(੬) ਸਾਕਤ ਦਾ ਸੁਭਾਉ

- ਜੇ ਸਾਕਤੁ ਨਰੁ ਖਾਵਾਈਐ ਲੋਚੀਐ ਬਿਖੁ ਕਢੈ ਮੁਖਿ ਉਗਲਾਰੇ॥ (੩੧੨)

- ਸਾਕਤ ਕੀ ਐਸੀ ਹੈ ਰੀਤਿ॥ ਜੋ ਕਿਛੁ ਕਰੈ ਸਗਲ ਬਿਪਰੀਤਿ॥ (੧੯੫)

- ਮਨੁ ਮੈਗਲੁ ਸਾਕਤੁ ਦੇਵਾਨਾ॥ ਬਨ ਖੰਡਿ ਮਾਇਆ ਮੋਹਿ ਹੈਰਾਨਾ॥ (੪੧੫)

- ਸਾਕਤੁ ਲੋਭੀ ਇਹੁ ਮਨੁ ਮੂੜਾ॥ ਗੁਰਮੁਖਿ ਨਾਮੁ ਜਪੈ ਮਨੁ ਰੂੜਾ॥ (੪੧੫)

- ਹਰਿ ਕੇ ਦਾਸ ਸਿਉ ਸਾਕਤ ਨਹੀ ਸੰਗੁ॥ ਓਹੁ ਬਿਖਈ ਓਸੁ ਰਾਮ ਕੋ ਰੰਗੁ॥ (੧੯੮)

- ਜਿਉ ਮੀਨਾ ਬਿਨੁ ਪਾਣੀਐ ਤਿਉ ਸਾਕਤੁ ਮਰੈ ਪਿਆਸ॥ (੫੯੭)

- ਸਾਕਤ ਪ੍ਰੇਮੁ ਨ ਪਾਈਐ ਹਰਿ ਪਾਈਐ ਸਤਿਗੁਰ ਭਾਇ॥ (੫੯੭)

- ਸਾਕਤ ਸਿਉ ਮੁਖਿ ਜੋਰਿਐ ਅਧ ਵੀਚਹੁ ਟੂਟੈ॥ (੮੧੧)

- ਸਾਕਤ ਮੁਠੇ ਦੁਰਮਤੀ ਹਰਿ ਰਸੁ ਨ ਜਾਣੰਨ੍ਹਿ॥ ਦੁਸਟਾ ਸੇਤੀ ਪਿਰਹੜੀ ਜਨ ਸਿਉ ਵਾਦੁ ਕਰੰਨ੍ਹਿ॥ (੮੫੪)

- ਅੰਮ੍ਰਿਤੁ ਕਉਰਾ ਬਿਖਿਆ ਮੀਠੀ॥ ਸਾਕਤ ਕੀ ਬਿਧਿ ਨੈਨਹੁ ਡੀਠੀ॥ (੮੯੨)

- ਸਾਕਤ ਕਉ ਅੰਮ੍ਰਿਤ ਬਹੁ ਸਿੰਚਹੁ ਸਭ ਡਾਲ ਫੂਲ ਬਿਸੁਕਾਰੇ॥
  ਜਿਉ ਜਿਉ ਨਿਵਹਿ ਸਾਕਤ ਨਰ ਸੇਤੀ ਛੇੜਿ ਛੇੜਿ ਕਢੈ ਬਿਖੁ ਖਾਰੇ॥ (੯੮੩)

- ਸਾਕਤ ਮਾਇਆ ਕਉ ਬਹੁ ਧਾਵਹਿ॥ ਨਾਮੁ ਵਿਸਾਰਿ ਕਹਾ ਸੁਖੁ ਪਾਵਹਿ॥
  ਤ੍ਰਿਹੁ ਗੁਣ ਅੰਤਰਿ ਖਪਹਿ ਖਪਾਵਹਿ ਨਾਹੀ ਪਾਰਿ ਉਤਾਰਾ ਹੇ॥ (੧੦੨੯)

- ਅੰਤਰਿ ਹਰਿ ਨਾਮੁ ਸਰਬ ਧਰਣੀਧਰ ਸਾਕਤ ਕਉ ਦੂਰਿ ਭਇਆ ਅਹੰਕਾਰੀ॥ (੧੧੯੮)

- ਸਾਕਤ ਨਰ ਪ੍ਰਾਨੀ ਸਦ ਭੂਖੇ ਨਿਤ ਭੂਖਨ ਭੂਖ ਕਰੀਜੈ॥
ਧਾਵਤੁ ਧਾਇ ਧਾਵਹਿ ਪ੍ਰੀਤਿ ਮਾਇਆ ਲਖ ਕੋਸਨ ਕਉ ਬਿਧਿ ਦੀਜੈ॥ (੧੩੨੩)

- ਸਾਕਤ ਸੂਤੁ ਬਹੁ ਗੁਰਝੀ ਭਰਿਆ ਕਿਉ ਕਰਿ ਤਾਨੁ ਤਨੀਜੈ॥
ਤੰਤੁ ਸੂਤੁ ਕਿਛੁ ਨਿਕਸੈ ਨਾਹੀ ਸਾਕਤ ਸੰਗੁ ਨ ਕੀਜੈ॥ (੧੩੨੪)

- ਸਾਕਤ ਸੁਆਨ ਕਹੀਅਹਿ ਬਹੁ ਲੋਭੀ ਬਹੁ ਦੁਰਮਤਿ ਮੈਲੁ ਭਰੀਜੈ॥
ਆਪਨ ਸੁਆਇ ਕਰਹਿ ਬਹੁ ਬਾਤਾ ਤਿਨਾ ਕਾ ਵਿਸਾਹੁ ਕਿਆ ਕੀਜੈ॥ (੧੩੨੬)

- ਸਾਕਤ ਕਉ ਦਿਨੁ ਰੈਨਿ ਅੰਧਾਰੀ ਮੋਹਿ ਫਾਥੇ ਮਾਇਆ ਜਾਲ॥
ਖਿਨੁ ਪਲੁ ਹਰਿ ਪ੍ਰਭੁ ਰਿਦੈ ਨ ਵਸਿਓ ਰਿਨਿ ਬਾਧੇ ਬਹੁ ਬਿਧਿ ਬਾਲ॥ (੧੩੩੫)

- ਕਬੀਰ ਸਾਕਤੁ ਐਸਾ ਹੈ ਜੈਸੀ ਲਸਨ ਕੀ ਖਾਨਿ॥ ਕੋਨੇ ਬੈਠੇ ਖਾਈਐ ਪਰਗਟ ਹੋਇ ਨਿਦਾਨਿ॥ (੧੩੬੫)

- ਕਬੀਰ ਸੰਗਤਿ ਸਾਧ ਕੀ ਦਿਨ ਦਿਨ ਦੂਨਾ ਹੇਤੁ॥ ਸਾਕਤ ਕਾਰੀ ਕਾਂਬਰੀ ਧੋਏ ਹੋਇ ਨ ਸੇਤੁ॥ (੧੩੬੯)

- ਕਬੀਰ ਸਾਕਤ ਤੇ ਸੂਕਰ ਭਲਾ ਰਾਖੈ ਆਛਾ ਗਾਉ॥
ਉਹੁ ਸਾਕਤੁ ਬਪੁਰਾ ਮਰਿ ਗਇਆ ਕੋਇ ਨ ਲੈਹੈ ਨਾਉ॥ (੧੩੭੨)

- ਸੋ ਕਿਛੁ ਕਰੈ ਜਿ ਸਾਥਿ ਨ ਚਾਲੈ ਇਹੁ ਸਾਕਤ ਕਾ ਆਚਾਰੁ॥ (੧੨੦੦)

(੭) ਸਾਕਤਾਂ ਦੀ ਕੁਸੰਗਤਿ ਤੋਂ ਬਚੋ

- ਤੇ ਸਾਕਤ ਚੋਰ ਜਿਨਾ ਨਾਮੁ ਵਿਸਾਰਿਆ ਮਨ ਤਿਨ ਕੈ ਨਿਕਟਿ ਨ ਭਿਟੀਐ॥ (੧੭੦)

- ਹਰਿ ਸਾਕਤ ਸੇਤੀ ਸੰਗੁ ਨ ਕਰੀਅਹੁ ਓਇ ਮਾਰੇ ਸਿਰਜਣਹਾਰੇ॥ (੩੧੨)

- ਉਲਟੀ ਰੇ ਮਨ ਉਲਟੀ ਰੇ॥ ਸਾਕਤ ਸਿਉ ਕਰਿ ਉਲਟੀ ਰੇ॥ (੫੩੫)

- ਮਾਗਉ ਦਾਨੁ ਕ੍ਰਿਪਾਲ ਕ੍ਰਿਪਾ ਨਿਧਿ ਮੇਰਾ ਮੁਖੁ ਸਾਕਤ ਸੰਗਿ ਨ ਜੁਟਸੀ ਰੇ॥ (੫੩੫)

- ਸਾਕਤ ਸਿਉ ਮਨ ਮੇਲੁ ਨ ਕਰੀਅਹੁ ਜਿਨਿ ਹਰਿ ਹਰਿ ਨਾਮੁ ਬਿਸਾਰੇ॥
ਸਾਕਤ ਬਚਨ ਬਿਛੂਆ ਜਿਉ ਡਸੀਐ ਤਜਿ ਸਾਕਤ ਪਰੈ ਪਰਾਰੇ॥ (੯੮੧)

- ਕਬੀਰ ਸੰਗਤਿ ਕਰੀਐ ਸਾਧ ਕੀ ਅੰਤਿ ਕਰੈ ਨਿਰਬਾਹੁ॥ ਸਾਕਤ ਸੰਗੁ ਨ ਕੀਜੀਐ ਜਾ ਤੇ ਹੋਇ ਬਿਨਾਹੁ॥ (੧੩੬੯)

- ਕਬੀਰ ਸਾਧੂ ਕੀ ਸੰਗਤਿ ਰਹਉ ਜਉ ਕੀ ਭੂਸੀ ਖਾਉ॥ ਹੋਨਹਾਰੁ ਸੋ ਹੋਇਹੈ ਸਾਕਤ ਸੰਗਿ ਨ ਜਾਉ॥ (੧੩੬੯)

- ਕਬੀਰ ਸਾਕਤ ਸੰਗੁ ਨ ਕੀਜੀਐ ਦੂਰਹਿ ਜਾਈਐ ਭਾਗਿ॥ ਬਾਸਨੁ ਕਾਰੋ ਪਰਸੀਐ ਤਉ ਕਛੁ ਲਾਗੈ ਦਾਗੁ॥ (੧੩੭੧)

(੮) ਸਾਕਤਪਣਾ ਦੂਰ ਕਰਨ ਦਾ ਦਾਰੂ

- ਆਨਿ ਆਨਿ ਸਮਧਾ ਬਹੁ ਕੀਨੀ ਪਲੁ ਬੈਸੰਤਰ ਭਸਮ ਕਰੀਜੈ॥
  ਮਹਾ ਉਗ੍ਰ ਪਾਪ ਸਾਕਤ ਨਰ ਕੀਨੇ ਮਿਲਿ ਸਾਧੂ ਲੂਕੀ ਦੀਜੈ॥ (੧੩੨੪)